# ਪੰਜਾਬ ਵਿਧਾਨ ਸਭਾ ਸਕੱਤਰੇਤ

ਬੁੱਧਵਾਰ, ਮਿਤੀ 28 ਮਾਰਚ, 2018 ਨੂੰ ਹੋਣ ਵਾਲੀ ਪੰਜਾਬ ਵਿਧਾਨ ਸਭਾ ਦੀ
ਬੈਠਕ ਵਿਚ ਪੁੱਛੇ ਜਾਣ ਵਾਲੇ ਬਿਨਾਂ ਨਿਸ਼ਾਨ ਵਾਲੇ ਪ੍ਰਸ਼ਨ।

## ਸਰਕਾਰੀ ਗਊਸ਼ਾਲਾਵਾਂ ਵਿੱਚ ਗਊਬੰਸ਼ ਦੀ ਸਾਂਭ ਸੰਭਾਲ

171. **ਸਰਦਾਰ ਕੁਲਤਾਰ ਸਿੰਘ ਸੰਧਵਾਂ, ਐਮ.ਐਲ.ਏ.:-** ਕੀ ਮੁੱਖ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਇਹ ਠੀਕ ਹੈ ਕਿ ਪੰਜਾਬ ਸਰਕਾਰ ਵਲੋ 45 ਕਰੋੜ ਰੁਪਏ ਦੀ ਲਾਗਤ ਨਾਲ 21 ਜ਼ਿਲ੍ਹਿਆਂ ਵਿਚ ਸਰਕਾਰੀ ਗਊਸ਼ਲਾਵਾਂ 2 ਲੱਖ ਗਊਬੰਸ਼ ਦੀ ਸਾਂਭ ਸੰਭਾਲ ਲਈ ਤਿਆਰ ਕੀਤੀਆਂ ਗਈਆਂ ਹਨ;

ਅ) ਕੀ ਇਹ ਵੀ ਠੀਕ ਹੈ ਕਿ ਉਪਰੋਕਤ ਖੋਲ੍ਹੀਆਂ 21 ਗਊਸ਼ਾਲਾਵਾਂ ਵਿਚ ਸਿਰਫ 45,000 ਗਊਬੰਸ਼ ਹੀ ਰੱਖਿਆ ਹੋਇਆ ਹੈ ਅਤੇ ਸ਼੍ਰੀ ਅੰਮ੍ਰਿਤਸਰ ਸਾਹਿਬ ਵਿਖੇ ਪੰਜਾਬ ਸਰਕਾਰ ਵਲੋ ਬਣਾਈ ਗਈ ਗਊਸ਼ਾਲਾ ਵਿਚ ਇਕ ਵੀ ਗਊਬੰਸ਼ ਨਹੀ ਰੱਖਿਆ ਗਿਆ;

ੲ) ਜੇਕਰ ਉਪਰੋਕਤ ਭਾਗ (ੳ) ਅਤੇ (ਅ) ਦਾ ਉੱਤਰ ਹਾਂ ਵਿੱਚ ਹੋਵੇ ਤਾਂ ਪੂਰੀ ਕਪੈਸਿਟੀ ਵਿਚ ਗਊਬੰਸ਼ ਦੀ ਸਾਂਭ ਸੰਭਾਲ ਇਨ੍ਹਾਂ 21 ਗਊਸ਼ਲਾਵਾਂ ਵਿਚ ਕਿਉਂ ਨਹੀ ਕੀਤੀ ਜਾ ਰਹੀ ਅਤੇ ਇਸ ਦੇ ਲਈ ਕੌਣ ਜਿੰਮੇਵਾਰ ਹੈ?

## ਫਰਜੀ ਸਰਟੀਫਿਕੇਟ ਦੇ ਅਧਾਰ ਤੇ ਨੌਕਰੀ ਪ੍ਰਾਪਤ ਕਰਨ ਵਾਲਿਆਂ ਦੇ ਵੇਰਵੇ

172. **ਸਰਦਾਰ ਕੁਲਤਾਰ ਸਿੰਘ ਸੰਧਵਾਂ, ਐਮ.ਐਲ.ਏ.:-** ਕੀ ਮੁੱਖ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਇਹ ਠੀਕ ਹੈ ਕਿ ਪੰਜਾਬ ਸਰਕਾਰ ਨੇ ਅਜਿਹੇ ਵਿਅਕਤੀਆਂ ਦੀ ਸ਼ਨਾਖਤ ਕੀਤੀ ਹੈ ਜਿਨ੍ਹਾਂ ਨੇ ਨੌਕਰੀ ਫਰਜੀ ਸਰਟੀਫਿਕੇਟਾਂ ਦੇ ਅਧਾਰ ਤੇ ਪ੍ਰਾਪਤ ਕੀਤੀ ਸੀ; ਜੇਕਰ ਅਜਿਹਾ ਹੋਵੇ ਤਾਂ ਉਨ੍ਹਾਂ ਦੀ ਮਹਿਕਮੇ ਵਾਇਜ਼ ਸੂਚੀ ਦਿੱਤੀ ਜਾਵੇ ਜੀ;

ਅ) ਪੰਜਾਬ ਸਰਕਾਰ ਨੇ ਅਜਿਹੇ ਕਸੂਰਵਾਰ ਵਿਅਕਤੀਆਂ ਖਿਲਾਫ ਕੀ ਕਾਰਵਾਈ ਕੀਤੀ ਹੈ?

## ਟਿਊਬਵੈੱਲਾਂ ਤੇ ਬਿਜਲੀ ਘਟਾਉਣ ਲਈ ਵਰਲਡ ਬੈਂਕ ਟੀਮ ਤੋਂ ਸਟੱਡੀ ਕਰਵਾਉਣਾ

173. **ਸਰਦਾਰ ਕੁਲਤਾਰ ਸਿੰਘ ਸੰਧਵਾਂ, ਐਮ.ਐਲ.ਏ.:-** ਕੀ ਮੁੱਖ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਪੰਜਾਬ ਸਰਕਾਰ ਨੇ ਕਿਸਾਨਾਂ ਨੂੰ ਦਿੱਤੀ ਜਾ ਰਹੀ ਟਿਊਬਵੈੱਲਾਂ ਤੇ ਬਿਜਲੀ ਘਟਾਉਣ ਲਈ ਵਰਲਡ ਬੈਂਕ ਦੀ ਟੀਮ ਪਾਸੋਂ ਸਟਡੀ ਕਰਵਾਈ ਹੈ; ਜੇਕਰ ਅਜਿਹਾ ਹੋਵੇ ਤਾਂ ਸਟੱਡੀ ਰਿਪੋਰਟ ਦੀ ਕਾਪੀ ਦਿੱਤੀ ਜਾਵੇ ਜੀ?

## ਮਜਦੂਰਾਂ ਦੇ ਕੰਮਾਂ ਦੀ ਦਿਹਾੜੀ ਵਿੱਚ ਦੇਰੀ

174. **ਸਰਦਾਰ ਕੁਲਤਾਰ ਸਿੰਘ ਸੰਧਵਾਂ, ਐਮ.ਐਲ.ਏ.:-** ਕੀ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਇਹ ਠੀਕ ਹੈ ਕਿ ਅਕਤੂਬਰ 2017 ਦੌਰਾਨ ਮਜਦੂਰਾਂ ਦੇ ਕੰਮ ਦੀ ਦਿਹਾੜੀ ਵਿਚ ਪੰਦਰਾਂ ਦਿਨਾਂ ਤੋਂ ਵੱਧ ਦੇਰੀ ਹੋਣ ਕਾਰਨ ਪੰਜਾਬ ਸਰਕਾਰ ਨੂੰ ਕਰੀਬ 1 ਕਰੋੜ ਰੁਪਿਆ ਬਤੌਰ ਮੁਆਵਜ਼ਾ ਅਦਾ ਕਰਨ ਲਈ ਕੇਂਦਰ ਸਰਕਾਰ ਨੇ ਹਦਾਇਤ ਕੀਤੀ ਹੈ; ਜੇਕਰ ਅਜਿਹਾ ਹੋਵੇ ਤਾਂ ਮਜਦੂਰੀ ਦੇਰੀ ਨਾਲ ਦੇਣ ਦੇ ਕੀ ਕਾਰਨ ਹਨ;

ਅ) ਇਹ ਮੁਆਵਜ਼ੇ ਦੀ ਰਕਮ ਸਬੰਧਤ ਅਧਿਕਾਰੀਆਂ ਪਾਸੋਂ ਐਕਟ ਅਨੁਸਾਰ ਵਸੂਲ ਕੀਤੀ ਜਾਵੇਗੀ ਜਾਂ ਪੰਜਾਬ ਸਰਕਾਰ ਆਪਣੇ ਖਜਾਨੇ ਵਿਚੋਂ ਅਦਾ ਕਰੇਗੀ;

ੲ) ਮਜਦੂਰਾਂ ਨੂੰ ਉਨ੍ਹਾਂ ਦੀ ਦਿਹਾੜੀ ਸਮੇਂ ਸਿਰ ਮਿਲੇ, ਇਸ ਨੂੰ ਪੰਜਾਬ ਸਰਕਾਰ ਕਿਸ ਤਰਾਂ ਯਕੀਨੀ ਬਣਾ ਰਹੀ ਹੈ?

ਚੰਡੀਗੜ੍ਹ
ਮਿਤੀ 27 ਮਾਰਚ, 2018

ਸੁਪਰਡੰਟ
ਪੰਜਾਬ ਵਿਧਾਨ ਸਭਾ
ਚੰਡੀਗੜ੍ਹ

ਸ਼ਸ਼ੀ ਲਖਨਪਾਲ ਮਿਸ਼ਰਾ,
ਸਕੱਤਰ,
ਪੰਜਾਬ ਵਿਧਾਨ ਸਭਾ।